ਗੂਜਰੀ ਮਹਲਾ ੫ ॥ ਹੈ ਨਾਹੀ ਕੋਊ ਬੂਝਨਹਾਰੋ ਜਾਨੈ ਕਵਨੁ ਭਤਾ ॥ ਸਿਵ ਬਿਰੰਚਿ ਅਰੁ ਸਗਲ ਮੋਨਿ ਜਨ ਗਹਿ ਨ ਸਕਾਹਿ ਗਤਾ ॥੧॥ ਪ੍ਰਭ ਕੀ ਅਗਮ ਅਗਾਧਿ ਕਥਾ ॥ ਸੁਨੀਐ ਅਵਰ ਅਵਰ ਬਿਧਿ ਬੁਝੀਐ ਬਕਨ ਕਥਨ ਰਹਤਾ ॥੧॥ ਰਹਾਉ ॥ ਆਪੇ ਭਗਤਾ ਆਪਿ ਸੁਆਮੀ ਆਪਨ ਸੰਗਿ ਰਤਾ ॥ ਨਾਨਕ ਕੋ ਪ੍ਰਭੁ ਪੂਰਿ ਰਹਿਓ ਹੈ ਪੇਖਿਓ ਜਤ੍ਰ ਕਤਾ ॥੨॥੨॥੧੧॥ {ਪੰਨਾ 498}

ਪਦਅਰਥ:- ਕੋਊ—ਕੋਈ ਭੀ। ਬੂਝਨਹਾਰੋ—ਸਮਝਣ ਦੀ ਸਮਰਥਾ ਵਾਲਾ। ਕਵਨੁ—ਕੌਣ? ਭਤਾ—ਭਾਤਿ, ਕਿਸਮ। ਬਿਰੰਚਿ—ਬ੍ਰਹਮਾ। ਅਰੁ—ਅਤੇ। ਗਹਿ ਨ ਸਕਾਹਿ—ਫੜ ਨਹੀਂ ਸਕਦੇ। ਗਤਾ—ਗਤਿ, ਹਾਲਤ।1।

ਅਗਮ—ਅਪਹੁੰਚ। ਅਗਾਧਿ—ਡੂੰਘੀ। ਸੁਨੀਐ—ਸੁਣਿਆ ਜਾਂਦਾ ਹੈ। ਅਵਰ ਬਿਧਿ—ਹੋਰ ਹੀ ਤਰ੍ਹਾਂ। ਬੁਝੀਐ—ਸਮਝਿਆ ਜਾਂਦਾ ਹੈ। ਰਹਤਾ—ਪਰੇ, ਬਿਨਾ।1। ਰਹਾਉ।

ਆਪੇ—ਆਪ ਹੀ। ਸੰਗਿ—ਨਾਲ। ਰਤਾ—ਮਸਤ। ਕੋ—ਦਾ। ਜਤ੍ਰ ਕਤਾ—ਜਿਥੇ ਕਿਥੇ, ਹਰ ਥਾਂ।2।

ਅਰਥ:- ਹੇ ਭਾਈ! ਪਰਮਾਤਮਾ ਕਿਹੋ ਜਿਹਾ ਹੈ—ਇਸ ਗੱਲ ਦੀ ਸਮਝ ਮਨੁੱਖ ਦੀ ਪਹੁੰਚ ਤੋਂ ਪਰੇ ਹੈ (ਮਨੁੱਖੀ ਸਮਝ ਵਾਸਤੇ) ਬਹੁਤ ਹੀ ਡੂੰਘੀ ਹੈ। (ਉਸ ਦੇ ਸਰੂਪ ਬਾਰੇ ਲੋਕਾਂ ਪਾਸੋਂ) ਸੁਣੀਦਾ ਕੁਝ ਹੋਰ ਹੈ, ਤੇ ਸਮਝੀਦਾ ਕਿਸੇ ਹੋਰ ਤਰ੍ਹਾਂ ਹੈ, ਕਿਉਂਕਿ (ਉਸ ਦਾ ਸਰੂਪ) ਦੱਸਣ ਤੋਂ ਬਿਆਨ ਕਰਨ ਤੋਂ ਬਾਹਰ ਹੈ।1।

ਹੇ ਭਾਈ! ਕੋਈ ਭੀ ਐਸਾ ਮਨੁੱਖ ਨਹੀਂ ਹੈ ਜੇਹੜਾ ਪਰਮਾਤਮਾ ਦੇ ਸਹੀ ਸਰੂਪ ਨੂੰ ਸਮਝਣ ਦੀ ਤਾਕਤ ਰੱਖਦਾ ਹੋਵੇ। ਕੌਣ ਜਾਣ ਸਕਦਾ ਹੈ ਕਿ ਉਹ ਕਿਹੋ ਜਿਹਾ ਹੈ? ਸ਼ਿਵ, ਬ੍ਰਹਮਾ ਅਤੇ ਹੋਰ ਸਾਰੇ ਰਿਸ਼ੀ ਮੁਨੀ ਭੀ ਉਸ ਪਰਮਾਤਮਾ ਦੇ ਸਰੂਪ ਨੂੰ ਸਮਝ ਨਹੀਂ ਸਕਦੇ।1।

ਹੇ ਭਾਈ! ਪਰਮਾਤਮਾ ਆਪ ਹੀ (ਆਪਣਾ) ਭਗਤ ਹੈ, ਆਪ ਹੀ ਮਾਲਕ ਹੈ, ਆਪ ਹੀ ਆਪਣੇ ਨਾਲ ਮਸਤ ਹੈ (ਕਿਉਂਕਿ, ਹੇ ਭਾਈ!) ਨਾਨਕ ਦਾ ਪਰਮਾਤਮਾ ਸਾਰੇ ਹੀ ਸੰਸਾਰ ਵਿਚ ਵਿਆਪਕ ਹੈ, (ਨਾਨਕ ਨੇ) ਉਸ ਨੂੰ ਹਰ ਥਾਂ ਵੱਸਦਾ ਵੇਖਿਆ ਹੈ।2। 2।11।